ਪ੍ਰਭਾਤੀ ॥ ਸੁੰਨ ਸੰਧਿਆ ਤੇਰੀ ਦੇਵ ਦੇਵਾਕਰ ਅਧਪਤਿ ਆਦਿ ਸਮਾਈ ॥ ਸਿਧ ਸਮਾਧਿ ਅੰਤੁ ਨਹੀ ਪਾਇਆ ਲਾਗਿ ਰਹੇ ਸਰਨਾਈ ॥੧॥ ਲੇਹੁ ਆਰਤੀ ਹੋ ਪੁਰਖ ਨਿਰੰਜਨ ਸਤਿਗੁਰ ਪੂਜਹੁ ਭਾਈ ॥ ਠਾਢਾ ਬ੍ਰਹਮਾ ਨਿਗਮ ਬੀਚਾਰੈ ਅਲਖੁ ਨ ਲਖਿਆ ਜਾਈ ॥ ੧॥ ਰਹਾਉ ॥ ਤਤੁ ਤੇਲੁ ਨਾਮੁ ਕੀਆ ਬਾਤੀ ਦੀਪਕੁ ਦੇਹ ਉਜ੍ਯ੍ਯਾਰਾ ॥ ਜੋਤਿ ਲਾਇ ਜਗਦੀਸ ਜਗਾਇਆ ਬੂਝੈ ਬੂਝਨਹਾਰਾ ॥੨॥ ਪੰਚੇ ਸਬਦ ਅਨਾਹਦ ਬਾਜੇ ਸੰਗੇ ਸਾਰਿੰਗਪਾਨੀ ॥ ਕਬੀਰ ਦਾਸ ਤੇਰੀ ਆਰਤੀ ਕੀਨੀ ਨਿਰੰਕਾਰ ਨਿਰਬਾਨੀ ॥੩॥੫॥ {ਪੰਨਾ 1350}

ਪਦ ਅਰਥ:- ਸੁੰਨ—ਸੁੰਞ, ਅਫੁਰ ਅਵਸਥਾ, ਮਾਇਆ ਦੇ ਮੋਹ ਦਾ ਕੋਈ ਫੁਰਨਾ ਮਨ ਵਿਚ ਨਾਹ ਉਠਣ ਵਾਲੀ ਅਵਸਥਾ। ਸੰਧਿਆ—(Skt. szÆXw—The morning, noon and evening prayers of a Brahman) ਸਵੇਰੇ, ਦੁਪਹਰਿ ਤੇ ਸ਼ਾਮ ਵੇਲੇ ਦੀ ਪੂਜਾ ਜੋ ਹਰੇਕ ਬ੍ਰਾਹਮਣ ਲਈ ਕਰਨੀ ਯੋਗ ਹੈ। ਦੇਵਾਕਰ—ਹੇ ਚਾਨਣ ਦੀ ਖਾਣ! (ਦੇਵ—ਆਕਰ)। ਅਧਪਤਿ—ਹੇ ਮਾਲਕ! ਆਦਿ—ਹੇ ਸਾਰੇ ਜਗਤ ਦੇ ਮੂਲ! ਸਮਾਈ—ਹੇ ਸਰਬ-ਵਿਆਪਕ! ਸਿਧ—ਪੁੱਗੇ ਹੋਏ ਜੋਗੀ, ਜੋਗ-ਅਭਿਆਸ ਵਿਚ ਨਿਪੁੰਨ ਜੋਗੀ।1।

ਹੋ ਭਾਈ—ਹੇ ਭਾਈ! ਪੁਰਖ ਨਿਰੰਜਨ ਆਰਤੀ—ਮਾਇਆ-ਰਹਿਤ ਸਰਬ ਵਿਆਪਕ ਪ੍ਰਭੂ ਦੀ ਆਰਤੀ। ਠਾਢਾ—ਖਲੋਤਾ ਹੋਇਆ। ਨਿਗਮ—ਵੇਦ। ਅਲਖੁ—(Skt. Al™X—having no particular marks) ਜਿਸ ਦੇ ਕੋਈ ਖ਼ਾਸ ਚਿਹਨ ਚੱਕ੍ਰ ਨਹੀਂ।1। ਰਹਾਉ।

ਤਤੁ—ਗਿਆਨ। ਬਾਤੀ—ਵੱਟੀ। ਦੇਹ ਉਜ੍ਯ੍ਯਾਰਾ—ਸਰੀਰ ਵਿਚ (ਤੇਰੇ ਨਾਮ ਦਾ) ਚਾਨਣ। ਜਗਦੀਸ ਜੋਤਿ—ਜਗਦੀਸ ਦੇ ਨਾਮ ਦੀ ਜੋਤ। ਬੂਝਨਹਾਰਾ—ਗਿਆਨਵਾਨ।2।

ਪੰਚੇ ਸਬਦ—ਪੰਜ ਹੀ ਨਾਦ; ਪੰਜ ਕਿਸਮਾਂ ਦੇ ਸਾਜ਼ਾਂ ਦੀ ਆਵਾਜ਼, (ਪੰਜ ਕਿਸਮਾਂ ਦੇ ਸਾਜ਼ ਇਹ ਹਨ—ਤੰਤੀ ਸਾਜ਼, ਖੱਲ ਨਾਲ ਮੜ੍ਹੇ ਹੋਏ, ਧਾਤ ਦੇ ਬਣੇ ਹੋਏ, ਘੜਾ ਆਦਿਕ, ਫੂਕ ਮਾਰ ਕੇ ਵਜਾਣ ਵਾਲੇ ਸਾਜ਼। ਜਦੋਂ ਇਹ ਸਾਰੀਆਂ ਕਿਸਮਾਂ ਦੇ ਸਾਜ਼ ਰਲਾ ਕੇ ਵਜਾਏ ਜਾਣ ਤਾਂ ਮਹਾਂ ਸੁੰਦਰ ਰਾਗ ਪੈਦਾ ਹੁੰਦਾ ਹੈ, ਜੋ ਮਨ ਨੂੰ ਮਸਤ ਕਰ ਦੇਂਦਾ ਹੈ)। ਅਨਾਹਦ—ਬਿਨਾ ਵਜਾਏ, ਇੱਕ-ਰਸ। ਸੰਗੇ—ਨਾਲ ਹੀ, ਅੰਦਰ ਹੀ (ਦਿੱਸ ਪੈਂਦਾ ਹੈ)। ਸਾਰਿੰਗਪਾਨੀ—(ਸਾਰਿੰਗ—ਧਨਖ। ਪਾਨੀ—ਹੱਥ) ਜਿਸ ਦੇ ਹੱਥ ਵਿਚ ਧਨਖ ਹੈ, ਜੋ ਸਾਰੇ ਜਗਤ ਦਾ ਨਾਸ ਕਰਨ ਵਾਲਾ ਭੀ ਹੈ।3।

ਅਰਥ:- ਹੇ ਭਾਈ! ਗੁਰੂ ਦੇ ਦੱਸੇ ਹੋਏ ਰਾਹ ਤੇ ਤੁਰੋ, ਤੇ ਉਸ ਪ੍ਰਭੂ ਦੀ ਆਰਤੀ ਉਤਾਰੋ ਜੋ ਮਾਇਆ ਤੋਂ ਰਹਿਤ ਹੈ ਤੇ ਜੋ ਸਭ ਵਿਚ ਵਿਆਪਕ ਹੈ, ਜਿਸ ਦੇ ਕੋਈ ਖ਼ਾਸ ਚਿਹਨ-ਚੱਕ੍ਰ ਨਹੀਂ ਹਨ, ਜਿਸ ਦੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ ਤੇ ਜਿਸ ਦੇ ਦਰ ਤੇ ਖਲੋਤਾ ਬ੍ਰਹਮਾ ਵੇਦ ਵਿਚਾਰ ਰਿਹਾ ਹੈ।1। ਰਹਾਉ।

ਹੇ ਦੇਵ! ਹੇ ਚਾਨਣ ਦੀ ਖਾਣ! ਹੇ ਜਗਤ ਦੇ ਮਾਲਕ! ਹੇ ਸਭ ਦੇ ਮੂਲ! ਹੇ ਸਰਬ ਵਿਆਪਕ ਪ੍ਰਭੂ! ਜੋਗ-ਅੱਭਿਆਸ ਵਿਚ ਨਿਪੁੰਨ ਜੋਗੀਆਂ ਨੇ ਸਮਾਧੀਆਂ ਲਾ ਕੇ ਭੀ ਤੇਰਾ ਅੰਤ ਨਹੀਂ ਲੱਭਾ ਉਹ ਆਖ਼ਰ ਤੇਰੀ ਸ਼ਰਨ ਲੈਂਦੇ ਹਨ। (ਤੂੰ ਮਾਇਆ ਤੋਂ ਰਹਿਤ ਹੈਂ, ਸੋ) ਮਾਇਆ ਦੇ ਫੁਰਨਿਆਂ ਵਲੋਂ ਮਨ ਨੂੰ ਸਾਫ਼ ਰੱਖਣਾ (ਤੇ ਤੇਰੇ ਚਰਨਾਂ ਵਿਚ ਹੀ ਜੁੜੇ ਰਹਿਣਾ) ਇਹ ਤੇਰੀ ਆਰਤੀ ਕਰਨੀ ਹੈ।1।

ਕੋਈ ਵਿਰਲਾ ਗਿਆਨਵਾਨ (ਪ੍ਰਭੂ ਦੀ ਆਰਤੀ ਦਾ ਭੇਤ) ਸਮਝਦਾ ਹੈ। (ਜਿਸ ਨੇ ਸਮਝਿਆ ਹੈ ਉਸ ਨੇ) ਗਿਆਨ ਨੂੰ ਤੇਲ ਬਣਾਇਆ ਹੈ, ਨਾਮ ਨੂੰ ਵੱਟੀ ਤੇ ਸਰੀਰ ਵਿਚ (ਨਾਮ ਦੇ) ਚਾਨਣ ਨੂੰ ਹੀ ਦੀਵਾ ਬਣਾਇਆ ਹੈ। ਇਹ ਦੀਵਾ ਉਸ ਨੇ ਜਗਤ ਦੇ ਮਾਲਕ ਪ੍ਰਭੂ ਦੀ ਜੋਤ (ਵਿਚ ਜੁੜ ਕੇ) ਜਗਾਇਆ ਹੈ।2।

ਹੇ ਵਾਸ਼ਨਾ-ਰਹਿਤ ਨਿਰੰਕਾਰ! ਹੇ ਸਾਰਿੰਗਪਾਣ! ਮੈਂ ਤੇਰੇ ਦਾਸ ਕਬੀਰ ਨੇ ਭੀ ਤੇਰੀ (ਇਹੋ ਜਿਹੀ ਹੀ) ਆਰਤੀ ਕੀਤੀ

ਹੈ (ਜਿਸ ਦੀ ਬਰਕਤਿ ਨਾਲ) ਤੂੰ ਮੈਨੂੰ ਅੰਗ-ਸੰਗ ਦਿੱਸ ਰਿਹਾ ਹੈਂ (ਤੇ ਮੇਰੇ ਅੰਦਰ ਇਕ ਐਸਾ ਆਨੰਦ ਬਣ ਰਿਹਾ ਹੈ, ਮਾਨੋ,) ਪੰਜ ਹੀ ਕਿਸਮਾਂ ਦੇ ਸਾਜ਼ (ਮੇਰੇ ਅੰਦਰ) ਇੱਕ-ਰਸ ਵੱਜ ਰਹੇ ਹਨ।3।5।

ਸ਼ਬਦ ਦਾ ਭਾਵ:- ਮੂਰਤੀ-ਪੂਜਾ ਖੰਡਨ—ਸਰਬ-ਵਿਆਪਕ ਪਰਮਾਤਮਾ ਦਾ ਸਿਮਰਨ ਹੀ ਸਹੀ ਆਰਤੀ ਹੈ। ਗਿਆਨ ਦਾ ਤੇਲ ਵਰਤੋ, ਨਾਮ ਦੀ ਬੱਤੀ ਵਰਤੋ, ਸਰੀਰ ਦੇ ਅੰਦਰ ਆਤਮ-ਗਿਆਨ ਦਾ ਚਾਨਣ ਹੋ ਜਾਇਗਾ, ਪ੍ਰਭੂ ਅੰਗ-ਸੰਗ ਦਿੱਸੇਗਾ ਤੇ ਅੰਦਰ ਸਦਾ ਖਿੜਾਉ ਬਣਿਆ ਰਹੇਗਾ।